pstcl

ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
(ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ)
Corporate Identity Number: U40109PB2010SGC033814
ਦਫ:ਉੱਪ ਮੁੱਖ ਇੰਜੀ:/ ਐੱਚ ਆਰ ਅਤੇ ਪ੍ਰਬੰਧਕੀ, ਸ਼ਕਤੀ ਸਦਨ ਪਟਿਆਲਾ।
ਫੈਕਸ ਨੰ:- 0175-2220054 ਟੈਲੀਫੋਨ ਨੰ:- 0175-2970693 ਵੈਬਸਾਇਟ : pstcl.org

ਵੱਲ

1. ਪ੍ਰਮੁੱਖ ਇੰਜੀ:/ਪੀ ਤੇ ਐਮ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
2. ਨਿਗ:ਇੰਜੀ:/ਸੰਚਾਰ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
3. ਸੀਨੀ:ਕਾ:ਕਾ:ਇੰਜੀ:/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 11396/398 Sen./AAE/Comm./33 ਮਿਤੀ: 26/11/24

**ਵਿਸ਼ਾ:- ਪੀ.ਐਸ.ਟੀ.ਸੀ.ਐਲ ਵੱਲੋਂ ਪਦ-ਉਨਤ ਕੀਤੇ ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕਰਨ ਸਬੰਧੀ।**

ਪੀ.ਐਸ.ਟੀ.ਸੀ.ਐਲ. ਵੱਲੋ ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਮਿਤੀ 01.01.2024 ਤੋਂ 31.10.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕੀਤੀ ਗਈ ਹੈ। ਇਹ ਟੈਨਟੇਟਿਵ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਏ.ਏ.ਈ/ਸੰਚਾਰ ਕਰਮਚਾਰੀਆਂ ਦੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਦੇ ਹੋਏ ਜੇਕਰ ਕਿਸੇ ਕਰਮਚਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ।

ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਾਰੇ ਸਬੰਧਤ ਕਰਮਚਾਰੀਆਂ ਤੋਂ ਨੋਟ ਕਰਵਾ ਲਈ ਜਾਵੇ। ਜੇਕਰ ਕੋਈ ਕਰਮਚਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਸਹੀ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਸਬੰਧਤ ਕਰਮਚਾਰੀ ਦਾ ਨਾਮ ਇਸ ਸੀਨੀਆਰਤਾ ਸੂਚੀ ਵਿੱਚ ਦਰਜ ਹੋਣ ਤੋ ਰਹਿ ਗਿਆ ਹੋਵੇ ਜਾਂ ਕਿਸੇ ਕਰਮਚਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ ਇੱਕ ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਖੇਚਲ ਕਰੇ।ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਮਿੱਥੇ ਸਮੇਂ ਤੋਂ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਪ੍ਰਤੀ ਬੇਨਤੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਤਬਦੀਲੀ ਨਾ ਹੋਣ ਦੀ ਸੂਰਤ ਵਿੱਚ ਇਹ ਸੀਨੀਆਰਤਾ ਸੂਚੀ ਖੁਦ-ਬ-ਖੁਦ ਪੂਰਨ ਅਤੇ ਸਹੀ ਸਮਝੀ ਜਾਵੇਗੀ ।

ਇਥੇ ਇਹ ਵੀ ਵਰਨਣ ਯੋਗ ਹੈ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ:-

(1) ਇਹ ਟੈਨਟੇਟਿਵ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਕਰਮਚਾਰੀ ਨੂੰ ਡੀਮ ਤਰੱਕੀ/ਜੂਨੀਅਰ ਕਰਮਚਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਉਸਦੀ ਇਸ ਸੀਨੀਆਰਤਾ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਕਰਮਚਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ਜੀ।

ਨੱਥੀ/ ਏ.ਏ.ਈ/ਸੰਚਾਰ ਦੀ ਟੈਨਟੇਟਿਵ
ਸੀਨੀਆਰਤਾ ਸੂਚੀ।

26/11/2024

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner

ਏ.ਏ.ਈ/ਸੰਚਾਰ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ ਸੂਚੀ (ਸਮਾਂ ਮਿਤੀ 01.01.2024 ਤੋਂ 31.10.2024 ਤੱਕ)

| ਲੜੀ ਨੰ: | ਕਰਮਚਾਰੀ ਦਾ ਨਾਂ | ਆਈ.ਡੀ. ਨੰ: | ਸੀਨੀ. ਨੰ: ਬਤੌਰ ਏ.ਏ.ਈ/ ਸੰਚਾਰ | ਜਨਮ ਦੀ ਮਿਤੀ | ਪੀ.ਐਸ.ਟੀ.ਸੀ.ਐਲ ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇਂ ਹਾਜਰ ਹੋਣ ਦੀ ਮਿਤੀ | ਸ੍ਰੇਣੀ |
|---|---|---|---|---|---|---|---|
| 1 | ਰੁਪਿੰਦਰਪਾਲ ਸਿੰਘ | 604601 | 05 | 23.11.96 | 22.05.17 | 11.03.2024 | ਜਨਰਲ |

Scanned with OKEN Scanner